ਰਾਗੁ ਗੋਂਡ ਬਾਣੀ ਕਬੀਰ ਜੀਉ ਕੀ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਭੁਜਾ ਬਾਂਧਿ ਭਿਲਾ ਕਰਿ ਡਾਰਿਓ ॥ ਹਸਤੀ ਕ੍ਰੋਪਿ ਮੂੰਡ ਮਹਿ ਮਾਰਿਓ ॥ ਹਸਤਿ ਭਾਗਿ ਕੈ ਚੀਸਾ ਮਾਰੈ ॥ ਇਆ ਮੂਰਤਿ ਕੈ ਹਉ ਬਲਿਹਾਰੈ ॥੧॥ ਆਹਿ ਮੇਰੇ ਠਾਕੁਰ ਤੁਮਰਾ ਜੋਰੁ ॥ ਕਾਜੀ ਬਕਿਬੋ ਹਸਤੀ ਤੋਰੁ ॥੧॥ ਰਹਾਉ ॥ ਰੇ ਮਹਾਵਤ ਤੁਝੁ ਡਾਰਉ ਕਾਟਿ ॥ ਇਸਹਿ ਤੁਰਾਵਹੁ ਘਾਲਹੁ ਸਾਟਿ ॥ ਹਸਤਿ ਨ ਤੋਰੈ ਧਰੈ ਧਿਆਨੁ ॥ ਵਾ ਕੈ ਰਿਦੈ ਬਸੈ ਭਗਵਾਨੁ ॥੨॥ ਕਿਆ ਅਪਰਾਧੁ ਸੰਤ ਹੈ ਕੀਨ੍ਹਾ ॥ ਬਾਂਧਿ ਪੋਟ ਕੁੰਚਰ ਕਉ ਦੀਨ੍ਹਾ ॥ ਕੁੰਚਰੁ ਪੋਟ ਲੈ ਲੈ ਨਮਸਕਾਰੈ ॥ ਬੂਝੀ ਨਹੀ ਕਾਜੀ ਅੰਧਿਆਰੈ ॥੩॥ ਤੀਨਿ ਬਾਰ ਪਤੀਆ ਭਰਿ ਲੀਨਾ ॥ ਮਨ ਕਠੋਰੁ ਅਜਹੂ ਨ ਪਤੀਨਾ ॥ ਕਹਿ ਕਬੀਰ ਹਮਰਾ ਗੋਬਿੰਦੁ ॥ ਚਉਥੇ ਪਦ ਮਹਿ ਜਨ ਕੀ ਜਿੰਦੁ ॥੪॥੧॥੪॥ {ਪੰਨਾ 870}

ਪਦਅਰਥ:- ਭੁਜਾ—ਬਾਂਹ। ਭਿਲਾ—ਢੀਮ। ਭਿਲਾ ਕਰਿ—ਢੀਮ ਬਣਾ ਕੇ, ਢੀਮ ਵਾਂਗ। ਡਾਰਿਓ—ਸੁੱਟ ਦਿੱਤਾ। ਕ੍ਰੋਪਿ—(ਮਹਾਵਤ ਨੇ) ਕ੍ਰੋਧ ਵਿਚ (ਆ ਕੇ)। ਹਸਤੀ ਮੂੰਡ ਮਹਿ—ਹਾਥੀ ਦੇ ਸਿਰ ਉੱਤੇ। ਹਉ—ਮੈਂ।1।

ਆਹਿ—ਹੈ। ਠਾਕੁਰ—ਹੇ ਠਾਕੁਰ! ਜੋਰੁ—ਤਾਣ, ਆਸਰਾ। ਬਕਿਬੋ—ਬੋਲਦਾ ਹੈ। ਤੋਰੁ—ਚੱਲਾ।1। ਰਹਾਉ।

ਰੇ—ਹੇ! ਵਾ ਕੈ—ਉਸ ਦੇ।2।

ਪੋਟ—ਪੋਟਲੀ। ਕੁੰਚਰੁ—ਹਾਥੀ। ਅੰਧਿਆਰੈ—ਹਨੇਰੇ ਵਿਚ।

ਪਤੀਆ—ਪਰਤਾਵਾ, ਅਜ਼ਮਾਇਸ਼। ਪਤੀਨਾ—ਪਤੀਜਿਆ, ਤਸੱਲੀ ਹੋਈ। ਚਉਥੇ ਪਦ ਮਹਿ—ਉਸ ਅਵਸਥਾ ਵਿਚ ਜੋ ਤਿੰਨ ਗੁਣਾਂ ਤੋਂ ਉਤਾਂਹ ਹੈ, ਪ੍ਰਭੂ-ਚਰਨਾਂ ਵਿਚ।4।

ਅਰਥ:- ਹੇ ਮੇਰੇ ਪ੍ਰਭੂ! ਕਾਜ਼ੀ ਤਾਂ ਕਹਿ ਰਿਹਾ ਹੈ ਕਿ (ਇਸ ਕਬੀਰ ਉੱਤੇ) ਹਾਥੀ ਚਾੜ੍ਹ ਦੇਹ, ਪਰ ਮੈਨੂੰ ਤੇਰਾ ਤਾਣ ਹੈ (ਸੋ, ਤੇਰੀ ਬਰਕਤਿ ਨਾਲ ਮੈਨੂੰ ਕੋਈ ਫ਼ਿਕਰ ਨਹੀਂ ਹੈ)।1। ਰਹਾਉ।

ਮੇਰੀਆਂ ਬਾਹਾਂ ਬੰਨ੍ਹ ਕੇ ਢੇਮ ਵਾਂਗ (ਮੈਨੂੰ ਇਹਨਾਂ ਲੋਕਾਂ ਹਾਥੀ ਅੱਗੇ) ਸੁੱਟ ਦਿੱਤਾ ਹੈ, (ਮਹਾਵਤ ਨੇ) ਗੁੱਸੇ ਵਿਚ ਆ ਕੇ ਹਾਥੀ ਦੇ ਸਿਰ ਉੱਤੇ (ਸੱਟ) ਮਾਰੀ ਹੈ। ਪਰ ਹਾਥੀ (ਮੈਨੂੰ ਪੈਰਾਂ ਹੇਠ ਲਿਤਾੜਨ ਦੇ ਥਾਂ) ਚੀਕਾਂ ਮਾਰ ਕੇ (ਹੋਰ ਪਾਸੇ) ਭੱਜਦਾ ਹੈ, (ਜਿਵੇਂ ਆਖਦਾ ਹੈ—) ਮੈਂ ਸਦਕੇ ਹਾਂ ਇਸ ਸੋਹਣੇ ਬੰਦੇ ਤੋਂ।1।

(ਕਾਜ਼ੀ ਆਖਦਾ ਹੈ—) ਇਸ ਹਾਥੀ ਨੂੰ ਸੱਟ ਮਾਰ ਤੇ (ਕਬੀਰ ਵਲ) ਤੋਰ, ਨਹੀਂ ਤਾਂ ਮੈਂ ਤੇਰਾ ਸਿਰ ਉਤਰਾ ਦਿਆਂਗਾ। ਪਰ ਹਾਥੀ ਤੁਰਦਾ ਨਹੀਂ (ਉਹ ਤਾਂ ਇਉਂ ਦਿੱਸਦਾ ਹੈ ਜਿਵੇਂ) ਪ੍ਰਭੂ-ਚਰਨਾਂ ਵਿਚ ਮਸਤ ਹੈ (ਜਿਵੇਂ) ਉਸ ਦੇ ਹਿਰਦੇ ਵਿਚ ਪਰਮਾਤਮਾ (ਪਰਗਟ ਹੋ ਕੇ) ਵੱਸ ਰਿਹਾ ਹੈ।2।

ਮੇਰੀ ਪੋਟਲੀ ਬੰਨ੍ਹ ਕੇ (ਇਹਨਾਂ ਮੈਨੂੰ) ਹਾਥੀ ਅੱਗੇ ਸੁੱਟ ਦਿੱਤਾ, ਭਲਾ ਮੈਂ ਆਪਣੇ ਪ੍ਰਭੂ ਦੇ ਸੇਵਕ ਨੇ ਇਹਨਾਂ ਦਾ ਕੀਹ ਵਿਗਾੜ ਕੀਤਾ ਸੀ? ਪਰ ਕਾਜ਼ੀ ਨੂੰ (ਤੁਅੱਸਬ ਦੇ) ਹਨੇਰੇ ਵਿਚ ਇਹ ਸਮਝ ਹੀ ਨਹੀਂ ਆਈ, (ਤੇ ਉਧਰ) ਹਾਥੀ (ਮੇਰੇ ਸਰੀਰ ਦੀ ਬਣੀ) ਪੋਟਲੀ ਨੂੰ ਮੁੜ ਮੁੜ ਸਿਰ ਨਿਵਾ ਰਿਹਾ ਹੈ।3।

(ਕਾਜ਼ੀ ਨੇ ਹਾਥੀ ਨੂੰ ਮੇਰੇ ਉਪਰ ਚਾੜ੍ਹ ਚਾੜ੍ਹ ਕੇ) ਤਿੰਨ ਵਾਰੀ ਪਰਤਾਵਾ ਲਿਆ, ਪਰ ਉਸ ਦੀ (ਫਿਰ ਭੀ) ਤਸੱਲੀ ਨਾਹ ਹੋਈ (ਕਿਉਂਕਿ ਉਹ) ਮਨ ਦਾ ਕਠੋਰ ਸੀ। ਕਬੀਰ ਆਖਦਾ ਹੈ—(ਕਾਜ਼ੀ ਨੂੰ ਇਹ ਸਮਝ ਨਾਹ ਆਈ ਕਿ) ਸਾਡਾ (ਪ੍ਰਭੂ ਦੇ ਸੇਵਕਾਂ ਦਾ ਰਾਖਾ) ਪਰਮਾਤਮਾ ਹੈ, ਪ੍ਰਭੂ ਦੇ ਦਾਸਾਂ ਦੀ ਜਿੰਦ ਸਦਾ ਪ੍ਰਭੂ ਦੇ ਚਰਨਾਂ ਵਿਚ ਟਿਕੀ ਰਹਿੰਦੀ ਹੈ (ਇਸ ਵਾਸਤੇ ਉਹਨਾਂ ਨੂੰ ਕੋਈ ਡਰਾ ਧਮਕਾ ਨਹੀਂ ਸਕਦਾ)।4।1।4।

ਸ਼ਬਦ ਦਾ ਭਾਵ:- ਸਿਮਰਨ ਕਰਨ ਵਾਲੇ ਬੰਦਿਆਂ ਦੀ ਸੁਰਤ ਸਦਾ ਪ੍ਰਭੂ-ਚਰਨਾਂ ਵਿਚ ਰਹਿੰਦੀ ਹੈ, ਇਸ ਵਾਸਤੇ

ਉਹਨਾਂ ਨੂੰ ਕੋਈ ਡਰਾ ਧਮਕਾ ਨਹੀਂ ਸਕਦਾ।